ਕਾਨੜਾ ਮਹਲਾ ੫ ਘਰੁ ੫ ੧ੴ ਸਤਿਗੁਰ ਪ੍ਰਸਾਦਿ ॥ ਪ੍ਰਭ ਪੂਜਹੋ ਨਾਮੁ ਅਰਾਧਿ ॥ ਗੁਰ ਸਤਿਗੁਰ ਚਰਨੀ ਲਾਗਿ ॥ ਹਰਿ ਪਾਵਹੁ ਮਨੁ ਅਗਾਧਿ ॥ ਜਗੁ ਜੀਤੋ ਹੋ ਹੋ ਗੁਰ ਕਿਰਪਾਧਿ ॥੧॥ ਰਹਾਉ ॥ ਅਨਿਕ ਪੂਜਾ ਮੈ ਬਹੁ ਬਿਧਿ ਖੋਜੀ ਸਾ ਪੂਜਾ ਜਿ ਹਰਿ ਭਾਵਾਸਿ ॥ ਮਾਟੀ ਕੀ ਇਹ ਪੁਤਰੀ ਜੋਰੀ ਕਿਆ ਏਹ ਕਰਮ ਕਮਾਸਿ ॥ ਪ੍ਰਭ ਬਾਹ ਪਕਰਿ ਜਿਸੁ ਮਾਰਗਿ ਪਾਵਹੁ ਸੋ ਤੁਧੁ ਜੰਤ ਮਿਲਾਸਿ ॥੧॥ ਅਵਰ ਓਟ ਮੈ ਕੋਇ ਨ ਸੂਝੈ ਇਕ ਹਰਿ ਕੀ ਓਟ ਮੈ ਆਸ ॥ ਕਿਆ ਦੀਨੁ ਕਰੇ ਅਰਦਾਸਿ ॥ ਜਉ ਸਭ ਘਟਿ ਪ੍ਰਭੂ ਨਿਵਾਸ ॥ ਪ੍ਰਭ ਚਰਨਨ ਕੀ ਮਨਿ ਪਿਆਸ ॥ ਜਨ ਨਾਨਕ ਦਾਸੁ ਕਹੀਅਤੁ ਹੈ ਤੁਮ੍ਹ੍ਹਰਾ ਹਉ ਬਲਿ ਬਲਿ ਸਦ ਬਲਿ ਜਾਸ ॥੨॥੧॥੩੩॥ {ਪੰਨਾ 1304}

ਪਦ ਅਰਥ:- ਪੂਜਹੋ—ਪੂਜਹੁ, ਪੂਜਾ-ਭਗਤੀ ਕਰੋ। ਆਰਾਧਿ—ਆਰਾਧ ਕੇ, ਸਿਮਰ ਕੇ। ਲਾਗਿ—ਲੱਗ ਕੇ। ਪਾਵਹੁ—ਲੱਭ ਲਵੋਗੇ, ਮਿਲਾਪ ਹਾਸਲ ਕਰ ਲਵੋਗੇ। ਅਗਾਧਿ—ਅਥਾਹ। ਜੀਤੋ—ਜਿੱਤਿਆ ਜਾ ਸਕੇਗਾ। ਹੋ—ਹੇ ਭਾਈ! ਗੁਰ ਕਿਰਪਾਧਿ—ਗੁਰੂ ਦੀ ਕਿਰਪਾ ਨਾਲ।1। ਰਹਾਉ।

ਬਹੁ ਬਿਧਿ—ਕਈ ਤਰ੍ਹਾਂ। ਸਾ—ਉਹੀ। ਜਿ—ਜਿਹੜੀ। ਹਰਿ ਭਾਵਾਸਿ—ਹਰੀ ਨੂੰ ਚੰਗੀ ਲੱਗਦੀ ਹੈ। ਪੁਤਰੀ—ਪੁਤਲੀ। ਜੋਰੀ—ਜੋੜੀ, ਬਣਾਈ। ਏਹ—ਇਹ ਪੁਤਲੀ। ਕਿਆ ਕਰਮ—ਕਿਹੜੇ ਕਰਮ? ਕਮਾਸਿ—ਕਰ ਸਕਦੀ ਹੈ। ਪ੍ਰਭ—ਹੇ ਪ੍ਰਭੂ! ਪਕਰਿ—ਫੜ ਕੇ। ਮਾਰਗਿ—ਰਸਤੇ ਉੱਤੇ। ਤੁਧੁ—ਤੈਨੂੰ। ਮਿਲਾਸਿ—ਮਿਲ ਪੈਂਦਾ ਹੈ।1।

ਮੈ—ਮੈਨੂੰ। ਦੀਨੁ—ਨਿਮਾਣਾ, ਗਰੀਬ। ਜਉ—ਜਦੋਂ। ਘਟਿ—ਘਟ ਵਿਚ, ਸਰੀਰ ਵਿਚ। ਮਨਿ—ਮਨ ਵਿਚ। ਕਹੀਅਤੁ ਹੈ—ਅਖਵਾਂਦਾ ਹੈ, ਕਿਹਾ ਜਾਂਦਾ ਹੈ। ਹਉ—ਹਉਂ, ਮੈਂ। ਬਲਿ ਬਲਿ—ਸਦਕੇ। ਸਦ—ਸਦਾ। ਜਾਸ—ਜਾਂਦਾ ਹਾਂ।2।

ਅਰਥ:- ਹੇ ਭਾਈ! ਗੁਰੂ ਸਤਿਗੁਰੂ ਦੀ ਚਰਨੀਂ ਲੱਗ ਕੇ ਪ੍ਰਭੂ ਦਾ ਨਾਮ ਸਿਮਰ ਸਿਮਰ ਕੇ ਪ੍ਰਭੂ ਦੀ ਪੂਜਾ-ਭਗਤੀ ਕਰਿਆ ਕਰੋ, (ਇਸ ਤਰ੍ਹਾਂ ਉਸ) ਅਥਾਹ ਮਨ (ਦੇ ਮਾਲਕ) ਪ੍ਰਭੂ ਦਾ ਮਿਲਾਪ ਹਾਸਲ ਕਰ ਲਵੋਗੇ। ਹੇ ਭਾਈ! ਗੁਰੂ ਦੀ ਕਿਰਪਾ ਨਾਲ (ਪ੍ਰਭੂ ਦਾ ਸਿਮਰਨ ਕੀਤਿਆਂ) ਜਗਤ (ਦਾ ਮੋਹ) ਜਿੱਤਿਆ ਜਾਂਦਾ ਹੈ।1। ਰਹਾਉ।

ਹੇ ਭਾਈ! (ਜਗਤ ਵਿਚ) ਅਨੇਕਾਂ ਪੂਜਾ (ਹੋ ਰਹੀਆਂ ਹਨ) ਮੈਂ (ਇਹਨਾਂ ਦੀ) ਕਈ ਤਰ੍ਹਾਂ ਖੋਜ-ਭਾਲ ਕੀਤੀ ਹੈ, (ਪਰ) ਉਹੀ ਪੂਜਾ (ਸ੍ਰੇਸ਼ਟ) ਹੈ ਜਿਹੜੀ ਪਰਮਾਤਮਾ ਨੂੰ ਚੰਗੀ ਲੱਗਦੀ ਹੈ (ਜਿਸ ਨਾਲ ਪਰਮਾਤਮਾ ਪ੍ਰਸੰਨ ਹੁੰਦਾ ਹੈ)। (ਪਰ ਅਜਿਹੀ ਪੂਜਾ ਭੀ ਪ੍ਰਭੂ ਆਪ ਹੀ ਕਰਾਂਦਾ ਹੈ)। ਹੇ ਭਾਈ! (ਪਰਮਾਤਮਾ ਨੇ ਮਨੁੱਖ ਦੀ ਇਹ) ਮਿੱਟੀ ਦੀ ਪੁਤਲੀ ਬਣਾ ਦਿੱਤੀ (ਪੁਤਲੀਆਂ ਦਾ ਮਾਲਕ ਪੁਤਲੀਆਂ ਨੂੰ ਆਪ ਹੀ ਨਚਾਂਦਾ ਹੈ), ਇਹ ਜੀਵ-ਪੁਤਲੀ (ਪੁਤਲੀਆਂ ਘੜਨ ਵਾਲੇ ਪ੍ਰਭੂ ਦੀ ਪ੍ਰੇਰਨਾ ਤੋਂ ਬਿਨਾ) ਕੋਈ ਕੰਮ ਨਹੀਂ ਕਰ ਸਕਦੀ। ਹੇ ਪ੍ਰਭੂ! ਜਿਸ ਜੀਵ ਨੂੰ (ਉਸ ਦੀ) ਬਾਂਹ ਫੜ ਕੇ ਤੂੰ (ਜੀਵਨ ਦੇ ਸਹੀ) ਰਸਤੇ ਉੱਤੇ ਤੋਰਦਾ ਹੈਂ, ਉਹ ਜੀਵ ਤੈਨੂੰ ਮਿਲ ਪੈਂਦਾ ਹੈ।1।

ਹੇ ਭਾਈ! (ਪ੍ਰਭੂ ਤੋਂ ਬਿਨਾ) ਮੈਨੂੰ ਕੋਈ ਹੋਰ ਆਸਰਾ ਨਹੀਂ ਸੁੱਝਦਾ, ਮੈਨੂੰ ਸਿਰਫ਼ ਪ੍ਰਭੂ ਦੀ ਓਟ ਹੈ ਪ੍ਰਭੂ ਦੀ (ਸਹਾਇਤਾ ਦੀ) ਆਸ ਹੈ। ਹੇ ਭਾਈ! ਜਦੋਂ ਹਰੇਕ ਸਰੀਰ ਵਿਚ ਪ੍ਰਭੂ ਦਾ ਹੀ ਨਿਵਾਸ ਹੈ (ਤਾਂ ਉਸ ਦੀ ਪ੍ਰੇਰਨਾ ਤੋਂ ਬਿਨਾ) ਵਿਚਾਰਾ ਜੀਵ ਕੋਈ ਅਰਦਾਸ ਭੀ ਨਹੀਂ ਕਰ ਸਕਦਾ। ਹੇ ਭਾਈ! (ਉਸ ਦੀ ਮਿਹਰ ਨਾਲ ਹੀ ਮੇਰੇ) ਮਨ ਵਿਚ ਪ੍ਰਭੂ ਦੇ ਚਰਨਾਂ (ਦੇ ਮਿਲਾਪ) ਦੀ ਤਾਂਘ ਹੈ।

ਹੇ ਪ੍ਰਭੂ! ਦਾਸ ਨਾਨਕ ਤੇਰਾ ਦਾਸ ਅਖਵਾਂਦਾ ਹੈ (ਇਸ ਦੀ ਲਾਜ ਰੱਖ, ਇਸ ਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ)। ਹੇ ਪ੍ਰਭੂ ਮੈਂ ਤੈਥੋਂ ਸਦਾ ਸਦਕੇ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ।2।1। 33।